# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ 21ਵੀਂ ਸਦੀ ਦੇ ਭਾਰਤ ਵੱਲ ਤਾਂਘ ਨਾਲ ਦੇਖ ਰਹੀ ਏ । ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ NXT ਸੰਮੇਲਨ 2025 ਨੂੰ ਸੰਬੋਧਨ ਕਰਦਿਆਂ, ਪੀਐੱਮ ਮੋਦੀ ਨੇ ਕਿਹਾ ਕਿ ਦੁਨੀਆ ਭਰ ਦੇ ਲੋਕ, ਸਾਡੇ ਦੇਸ਼ ਨੂੰ ਜਾਣਨ ਲਈ ਭਾਰਤ ਆਉਣਾ ਚਾਹੁੰਦੇ ਨੇ ।

**BYTE:**

ਪ੍ਰਯਾਗਰਾਜ ਵਿਖੇ ਸੰਪੂਰਨ ਹੋਏ ਏਕਤਾ ਦੇ ਸੰਗਮ ਮਹਾਕੁੰਭ ਬਾਰੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ 'ਵੋਕਲ ਫਾਰ ਲੋਕਲ' ਅਤੇ 'ਲੋਕਲ ਫਾਰ ਗਲੋਬਲ' ਦਾ ਨਜ਼ਰੀਆ ਦੇਸ਼ ਦੇ ਸਾਹਮਣੇ ਰੱਖਿਆ ਸੀ ਅਤੇ ਹੁਣ ਇਹ ਹਕੀਕਤ ਵਿਚ ਬਦਲ ਰਿਹਾ ਏ । ਉਨ੍ਹਾਂ ਕਿਹਾ, ਹੁਣ ਆਯੂਸ਼ ਉਤਪਾਦ ਅਤੇ ਯੋਗਾ ਸਥਾਨਕ ਤੋਂ ਆਲਮੀ ਹੋ ਗਏ

ਨੇ। ਉਨ੍ਹਾਂ ਕਿਹਾ ਕਿ ਦੇਸ਼ ਪਹਿਲਾਂ ਜਿਨ੍ਹਾਂ ਵਸਤਾਂ ਦੀ ਦਰਾਮਦ ਕਰਦਾ ਸੀ, ਹੁਣ ਸਥਾਨਕ ਪੱਧਰ 'ਤੇ ਤਿਆਰ ਕੀਤੀਆਂ ਜਾ ਰਹੀਆਂ ਨੇ ਅਤੇ ਦੇਸ਼ ਉਨ੍ਹਾਂ ਉਤਪਾਦਾਂ ਦੇ **ਬਰਾਮਦ ਕੇਂਦਰ** ਵਜੋਂ ਉਭਰ ਰਿਹਾ ਏ । ਉਨ੍ਹਾਂ ਕਿਹਾ ਕਿ ਕਿਸਾਨ, ਜੋ ਕਦੇ ਸਥਾਨਕ ਮੰਡੀਆਂ ਤੱਕ ਸੀਮਤ ਸਨ, ਹੁਣ ਆਪਣੀਆਂ ਫਸਲਾਂ ਨੂੰ ਆਲਮੀ ਮੰਡੀਆਂ ਤੱਕ ਪਹੁੰਚਦਾ ਦੇਖ ਰਹੇ ਨੇ।

-----------------------------------------------------------

ਅੱਜ ਦੇਸ਼ ਭਰ ਵਿਚ, **ਜਨ ਔਸ਼ਧੀ ਜਨ ਚੇਤਨਾ ਹਫਤੇ** ਦੀ ਸ਼ੁਰੂਆਤ ਹੋ ਗਈ ਏ, ਪ੍ਰੋਗਰਾਮ 7 ਮਾਰਚ ਤੱਕ ਚੱਲੇਗਾ। ਇਸ ਮੌਕੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਵੀਂ ਦਿੱਲੀ ਵਿਚ ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਯੋਜਨਾ ਦੇ ਰੱਥ ਅਤੇ 10 ਹੋਰ ਵਾਹਨਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ । ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਅਤੇ ਰਸਾਇਣ ਅਤੇ ਖਾਦ ਰਾਜ ਮੰਤਰੀ ਅਨੁਪ੍ਰਿਆ ਪਟੇਲ ਵੀ ਮੌਜੂਦ ਸਨ। ਸ਼੍ਰੀ ਨੱਡਾ ਨੇ ਸਾਰਿਆਂ ਨੂੰ ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਪ੍ਰਾਜੈਕਟ ਨੂੰ ਜਨ ਅੰਦੋਲਨ ਬਣਾਉਣ ਦੀ ਅਪੀਲ ਕੀਤੀ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ

ਰਿਸ਼ਤੇਦਾਰਾਂ ਤੇ ਦੋਸਤਾਂ ਨੂੰ ਇਸ ਪ੍ਰੋ ਪ੍ਰਾਜੈਕਟ ਬਾਰੇ ਸੂਚਿਤ ਕਰਨ ਤਾਂ ਜੋ ਉਹ ਵੀ ਇਸ ਦਾ ਲਾਭ ਲੈ ਸਕਣ। ਸ਼੍ਰੀ ਨੱਡਾ ਨੇ ਕਿਹਾ ਕਿ ਸਰਕਾਰ, ਲੋਕਾਂ ਨੂੰ ਘੱਟ ਕੀਮਤਾਂ 'ਤੇ ਦਵਾਈਆਂ ਮੁਹੱਈਆ ਕਰਵਾਉਣ ਦੀ ਜ਼ਿੰਮੇਵਾਰੀ ਨਿਭਾਅ ਰਹੀ ਏ।

----------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹੈ ਕਿ ਲਿਵ-ਇਨ-ਰਿਲੇਸ਼ਨ ਦੇ ਵੱਧ ਰਹੇ ਮਾਮਲੇ ਸਾਡੇ ਸਮਾਜ ਲਈ ਚਿੰਤਾਜਨਕ ਨੇ। ਪਟਿਆਲਾ ਪੁਲਿਸ ਲਾਈਨਜ ਵਿਚ ਔਰਤਾਂ ਦੀਆਂ ਸਮੱਸਿਆਵਾਂ ਸੁਣਣ ਲਈ ਲਗਾਈ ਲੋਕ ਅਦਾਲਤ ਮੌਕੇ ਉਨ੍ਹਾਂ ਕਿਹਾ ਕਿ ਮੁੰਡੇ-ਕੁੜੀਆਂ ਤੋਂ ਇਲਾਵਾ ਕਈ ਵਿਆਹੇ ਹੋਏ ਮਰਦ ਤੇ ਔਰਤਾਂ ਵੀ ਲਿਵ ਇਨ ਰਿਲੇਸ਼ਨ ਦੀ ਬੁਰਾਈ ਵਿਚ ਪਏ ਨੇ । ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ ਕਿ ਉਹ ਸੂਬਾ ਸਰਕਾਰ ਨੂੰ ਇਸ ਮਾਮਲੇ ’ਤੇ ਕਾਨੂੰਨ ਵਿਚ ਸੋਧ ਕਰਨ ਲਈ ਲਿਖ ਰਹੇ ਨੇ। ਇਸ ਲੋਕ ਅਦਾਲਤ ਮੌਕੇ 35 ਦੇ ਕਰੀਬ ਮਾਮਲਿਆਂ ਦੀ ਸੁਣਵਾਈ ਕਰਦਿਆਂ ਬਹੁਤੇ ਕੇਸਾਂ ਵਿਚ ਪੁਲਿਸ ਅਧਿਕਾਰੀਆਂ ਨੂੰ ਮੁੜ ਤੋਂ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ।

---

ਪੰਜਾਬ ਪੁਲਿਸ ਨੇ ਅੰਮ੍ਰਿਤਸਰ ਵਿਚ ਵੱਡੀ ਕਾਰਵਾਈ ਦੌਰਾਨ ਮੱਧ ਪ੍ਰਦੇਸ਼ ਤੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿਚ ਸ਼ਾਮਲ ਗਿਰੋਹ ਦਾ ਪਰਦਾਫਾਸ਼ ਕਰਦਿਆਂ ਇਕ ਵਿਅਕਤੀ ਨੂੰ ਅਸਲੇ ਸਣੇ ਗ੍ਰਿਫਤਾਰ ਕੀਤਾ। ਗ੍ਰਿਫ਼ਤਾਰ ਮੁਲਜ਼ਮ ਗੁਰਬਾਜ ਸਿੰਘ, ਗੈਂਗਸਟਰ ਜੱਗੂ ਭਗਵਾਨਪੁਰੀਆ ਗੈਂਗ ਲਈ ਕੰਮ ਕਰਦਾ ਸੀ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਤੋਂ 6 ਪਿਸਤੌਲਾਂ ਅਤੇ 10 ਕਾਰਤੂਸ ਬਰਾਮਦ ਕੀਤੇ ਗਏ ਨੇ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਹਥਿਆਰ ਅਪਰਾਧਿਕ ਗਤੀਵਿਧੀਆਂ ਕਰਨ ਲਈ ਮੱਧ ਪ੍ਰਦੇਸ਼ ਤੋਂ ਪੰਜਾਬ ਵਿਚ ਤਸਕਰੀ ਕੀਤੇ ਗਏ ਸਨ। ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਬਾਜ਼ ਪੰਜਾਬ ਅਤੇ ਗੁਆਂਢੀ ਸੂਬਿਆਂ ਵਿਚ ਕਤਲ, ਡਕੈਤੀ ਅਤੇ ਜਬਰਨ ਵਸੂਲੀ ਵਰਗੇ ਅਪਰਾਧਾਂ ਵਿਚ ਸ਼ਾਮਲ ਰਿਹਾ ਏ।

---

ਖੁਰਾਕ ਅਤੇ ਦਵਾ ਐਸੋਸੀਏਸ਼ਨ ਪੰਜਾਬ ਵੱਲੋਂ ਜਿਲ੍ਹਾ ਪ੍ਰਸ਼ਾਸ਼ਨ

ਫਰੀਦਕੋਟ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਮੈਡੀਕਲ ਕਾਲਜ ਵਿਚ ਬਾਬਾ ਫਰੀਦ ਈਟ ਰਾਈਟ ਮੇਲਾ ਲਗਾਇਆ ਗਿਆ। ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਅਜੋਕੇ ਸਮੇਂ ਅਸੀਂ ਆਪਣੇ ਰਵਾਇਤੀ ਮੂਲ ਅਨਾਜਾਂ ਜਿਵੇਂ ਕਿ ਕੰਗਨੀ, ਕੋਧਰਾ, ਬਾਜਰਾ, ਜਵਾਰ, ਜੌਂ, ਗੁੱਟਕੀ ਤੋਂ ਬਣੇ ਪਕਵਾਨ ਨੂੰ ਭੁੱਲਦੇ ਜਾ ਰਹੇ ਹਾਂ । ਇਹ ਮੇਲਾ ਨਵੀਂ ਪੀੜੀ ਨੂੰ, ਮੂਲ ਅਨਾਜ ਖਾਣ ਪ੍ਰਤੀ ਜਾਗਰੂਕ ਕਰਦਾ ਏ। ਮੇਲੇ ਵਿਚ ਨੁੱਕੜ ਨਾਟਕ, ਸਭਿਆਚਾਰਕ ਪ੍ਰੋਗਰਾਮ, ਸਕੂਲੀ ਬੱਚਿਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਉਣ ਤੋਂ ਇਲਾਵਾ ਰਵਾਇਤੀ ਖਾਣੇ ਨਾਲ ਸਬੰਧਤ 25 ਦੇ ਲਗਭਗ ਸਟਾਲ ਲਗਾਏ ਗਏ ।

-----------------------------------------------------

ਹਿਮਾਚਲ ਪ੍ਰਦੇਸ਼ ਵਿਚ ਲਗਾਤਾਰ ਬਰਫਬਾਰੀ ਤੋਂ ਬਾਅਦ ਪੰਜਾਬ ਦੇ ਕਈ ਇਲਾਕਿਆਂ ਵਿਚ ਬਾਰਿਸ਼ ਦੇ ਨਾਲ-ਨਾਲ ਗੜੇਮਾਰੀ ਹੋਈ ਏ। ਇਵੇਂ ਹੀ ਅੰਮ੍ਰਿਤਸਰ ਤੇ ਰਾਜਾਸਾਂਸੀ ਵਿਚ ਕਲ ਸਾਰਾ ਦਿਨ ਮੀਂਹ ਪੈਣ ਪਿਛੋਂ

ਕਈ ਥਾਈਂ ਗੜੇ ਪਏ। ਅੱਜ ਵੀ ਸੂਬੇ ਵਿਚ ਕਈ ਥਾਈਂ ਬੱਦਲਵਾਈ ਬਣੀ ਹੋਈ ਏ।